**ਬੇਅੰਤਾ ਬੇਅੰਤ ਗੁਣ ਤੇਰੇ ਕੇਤਕ ਗਾਵਾ ਰਾਮ ॥ ਤੇਰੇ ਚਰਣਾ ਤੇਰੇ ਚਰਣ ਧੂੜਿ ਵਡਭਾਗੀ ਪਾਵਾ ਰਾਮ ॥ ਹਰਿ ਧੂੜੀ ਨ੍ਹ੍ਹਾਈਐ ਮੈਲੁ ਗਵਾਈਐ ਜਨਮ ਮਰਣ ਦੁਖ ਲਾਥੇ ॥ ਅੰਤਰਿ ਬਾਹਰਿ ਸਦਾ ਹਦੂਰੇ ਪਰਮੇਸਰੁ ਪ੍ਰਭੁ ਸਾਥੇ ॥ ਮਿਟੇ ਦੂਖ ਕਲਿਆਣ ਕੀਰਤਨ ਬਹੁੜਿ ਜੋਨਿ ਨ ਪਾਵਾ ॥ ਬਿਨਵੰਤਿ ਨਾਨਕ ਗੁਰ ਸਰਣਿ ਤਰੀਐ ਆਪਣੇ ਪ੍ਰਭ ਭਾਵਾ ॥੪॥੨॥ {ਪੰਨਾ 453}**

ਪਦਅਰਥ:- ਕੇਤਕ—ਕਿਤਨੇ ਕੁ? ਗਾਵਾ—ਗਾਵਾਂ, ਮੈਂ ਗਾ ਸਦਕਾ ਹਾਂ। ਪਾਵਾ—ਪਾਵਾਂ, ਹਾਸਲ ਕਰਾਂ। ਨ੍ਹ੍ਹਾਈਐ—ਇਸ਼ਨਾਨ ਕਰਨਾ ਚਾਹੀਦਾ ਹੈ। ਗਵਾਈਐ—ਦੂਰ ਕਰ ਲਈਦੀ ਹੈ। ਹਦੂਰੇ—ਅੰਗ-ਸੰਗ। ਸਾਥੇ—ਸਾਥਿ, ਨਾਲ। ਕਲਿਆਣ—ਸੁਖ ਆਨੰਦ। ਬਹੁੜਿ—ਮੁੜ, ਫਿਰ। ਤਰੀਐ—ਤਰ ਜਾਈਦਾ ਹੈ। ਪ੍ਰਭ ਭਾਵਾ—ਪ੍ਰਭ ਭਾਵਾਂ, ਪ੍ਰਭੂ ਨੂੰ ਚੰਗਾ ਲੱਗ ਪਵਾਂ।4।

ਅਰਥ:- ਹੇ ਪ੍ਰਭੂ! ਤੇਰੇ ਬੇਅੰਤ ਗੁਣ ਹਨ, ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ। ਮੈਂ ਤੇਰੇ ਕਿਤਨੇ ਕੁ ਗੁਣ ਗਾ ਸਕਦਾ ਹਾਂ? ਹੇ ਪ੍ਰਭੂ! ਜੇ ਮੇਰੇ ਵੱਡੇ ਭਾਗ ਹੋਣ ਤਾਂ ਹੀ ਤੇਰੇ ਚਰਨਾਂ ਦੀ ਤੇਰੇ (ਸੋਹਣੇ) ਚਰਨਾਂ ਦੀ ਧੂੜ ਮੈਨੂੰ ਮਿਲ ਸਕਦੀ ਹੈ। ਹੇ ਭਾਈ! ਪ੍ਰਭੂ ਦੇ ਚਰਨਾਂ ਦੀ ਧੂੜ ਵਿਚ ਇਸ਼ਨਾਨ ਕਰਨਾ ਚਾਹੀਦਾ ਹੈ (ਇਸ ਤਰ੍ਹਾਂ ਮਨ ਵਿਚੋਂ ਵਿਕਾਰਾਂ) ਦੀ ਮੈਲ ਦੂਰ ਹੋ ਜਾਂਦੀ ਹੈ, ਤੇ, ਜਨਮ ਮਰਨ ਦੇ (ਸਾਰੀ ਉਮਰ ਦੇ) ਦੁੱਖ ਲਹਿ ਜਾਂਦੇ ਹਨ (ਇਹ ਨਿਸ਼ਚਾ ਭੀ ਆ ਜਾਂਦਾ ਹੈ ਕਿ) ਪਰਮੇਸਰ ਪ੍ਰਭੂ ਸਾਡੇ ਅੰਦਰ ਅਤੇ ਬਾਹਰ ਸਾਰੇ ਸੰਸਾਰ ਵਿਚ ਸਦਾ ਸਾਡੇ ਅੰਗ-ਸੰਗ ਵੱਸਦਾ ਹੈ ਸਾਡੇ ਨਾਲ ਵੱਸਦਾ ਹੈ। (ਹੇ ਭਾਈ! ਜੇਹੜਾ ਮਨੁੱਖ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ ਉਸ ਦੇ ਅੰਦਰ ਸੁਖ-ਆਨੰਦ ਬਣ ਜਾਂਦੇ ਹਨ ਉਸ ਦੇ ਦੁੱਖ ਮਿਟ ਜਾਂਦੇ ਹਨ, ਉਹ ਮੁੜ ਜੂਨਾਂ ਵਿਚ ਨਹੀਂ ਪੈਂਦਾ।

ਨਾਨਕ ਬੇਨਤੀ ਕਰਦਾ ਹੈ—ਗੁਰੂ ਦੀ ਸਰਨ ਪਿਆਂ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਈਦਾ ਹੈ। (ਜੇ ਮੈਨੂੰ ਭੀ ਗੁਰੂ ਮਿਲ ਪਏ ਤਾਂ ਮੈਂ ਭੀ) ਆਪਣੇ ਪ੍ਰਭੂ ਨੂੰ ਪਿਆਰਾ ਲੱਗਣ ਲੱਗ ਪਵਾਂ।4।2।